## ਚੌਥੀ ਸ਼੍ਰੇਣੀ
## ਪੰਜਾਬੀ (ਦੂਜੀ ਭਾਸ਼ਾ)

ਉਦੇਸ਼

1. ਪੜ੍ਹਨਾ

(ੳ) ਵਿਦਿਆਰਥੀ ਗੁਰਮੁਖੀ ਵਰਨ-ਮਾਲ਼ਾ ਨੂੰ ਪਛਾਣ ਸਕੇ ਤੇ ਪੜ੍ਹ ਸਕੇ ।

(ਅ) ਗੁਰਮੁਖੀ ਅੱਖਰਾਂ ਦੇ ਲਗਾਂ ਨੂੰ ਦੇਵਨਾਗਰੀ ਅੱਖਰਾਂ ਤੇ ਲਗਾਂ ਨਾਲੋਂ ਨਿਖੇੜ ਦੇ ਪੜ੍ਹ ਸਕੇ ।

(ੲ) ਗੁਰਮੁਖੀ ਅੱਖਰਾਂ ਨੂੰ ਲੱਗਦੀਆਂ ਲਗਾਂ-ਮਾਤਰਾਂ ਨੂੰ ਪਛਾਣ ਸਕੇ ਤੇ ਉਹਨਾਂ ਅਨੁਸਾਰ ਪੜ੍ਹ ਸਕੇ।

(ਸ) ਆਰੰਭ ਵਿੱਚ ਸ਼ਬਦ ਅਤੇ ਫਿਰ ਨਿੱਕੇ-ਨਿੱਕੇ ਵਾਕ ਅਤੇ ਪੈਰੇ ਪੜ੍ਹ ਸਕੇ ।

(ਹ) ਵਿਦਿਆਰਥੀ ਪੰਜਾਬੀ ਦੀਆਂ ਸਰਲ ਤੇ ਸੰਖੇਪ ਕਵਿਤਾਵਾਂ, ਕਹਾਣੀਆਂ ਅਤੇ ਲੇਖ ਆਦਿ ਪੜ੍ਹ ਸਕੇ ।

(ਕ) ਪੰਜਾਬੀ ਦੇ ਬਾਲ-ਰਸਾਲੇ, ਇਸ਼ਤਿਹਾਰ, ਅਖ਼ਬਾਰ, ਚਿੱਠੀ -ਪੱਤਰ ਆਦਿ ਪੜ੍ਹ ਸਕੇ ।

(ਖ) ਬੋਲ ਕੇ ਵਿਸਰਾਮ-ਚਿੰਨ੍ਹ ਅਨੁਸਾਰ ਢੁਕਵੇਂ ਠਹਿਰਾਅ, ਦਬਾਅ ਤੇ ਤਾਨ ਨਾਲ਼ ਪੜ੍ਹ ਸਕੇ ।

(ਗ) ਉਹ ਚੁੱਪ-ਚਾਪ ਗਤੀ ਨਾਲ਼ ਪੜ੍ਹ ਸਕੇ ।

2. ਗ੍ਰਹਿਣ ਕਰਨਾ

(i) ਸੁਣ ਕੇ

(ੳ) ਆਮ ਗੱਲ-ਬਾਤ ਨੂੰ ਸੁਣ ਕੇ ਸਮਝ ਸਕੇ ।

(ਅ) ਅਧਿਆਪਕ ਦੁਆਰਾ ਪੜ੍ਹਾਏ ਪਾਠ ਨੂੰ ਸਮਝ ਸਕੇ ।

(ੲ) ਕਿਸੇ ਦੂਜੇ ਵਿਦਿਆਰਥੀ ਦੁਆਰਾ ਪੜ੍ਹੇ ਪਾਠ ਨੂੰ ਸੁਣ ਕੇ ਸਮਝ ਸਕੇ ।

(ਸ) ਸ਼੍ਰੇਣੀ ਵਿੱਚ ਜਾਂ ਕਿਸੇ ਸਕੂਲ-ਸਭਾ ਵਿੱਚ ਸੁਣਾਏ ਗੀਤ, ਕਹਾਣੀਆਂ, ਚੁਟਕਲੇ ਸੁਣ ਕੇ ਸਮਝ ਅਤੇ ਸਲਾਹ ਸਕੇ ।

(ਹ) ਟੈਲੀਵੀਜ਼ਨ ਜਾਂ ਰੇਡੀਓ ਤੋਂ ਵੇਖੇ/ਸੁਣੇ ਬੱਚਿਆਂ ਦੇ ਪ੍ਰੋਗਰਾਮ ਸਮਝ ਸਕੇ ।

(ii) ਪੜ੍ਹ ਕੇ

(ੳ) ਘਰ ਆਈ ਕੋਈ ਚਿੱਠੀ, ਸੁਨੇਹਾ, ਬਾਲ-ਰਸਾਲਾ ਜਾਂ ਸਰਲ ਬਾਲ-ਪੁਸਤਕ ਨੂੰ ਪੜ੍ਹ ਕੇ ਸਮਝ ਸਕੇ ।

(ਅ) ਪਾਠ-ਪੁਸਤਕ ਵਿਚਲੀਆਂ ਕਹਾਣੀਆਂ ਪੜ੍ਹ ਕੇ ਉਹਨਾਂ ਦੇ ਘਟਨਾ-ਕ੍ਰਮ ਨੂੰ ਸਮਝ ਸਕੇ ।

(ੲ) ਪਾਠ-ਪੁਸਤਕ ਦੇ ਕਿਸੇ ਪਾਠ ਨੂੰ ਪੜ੍ਹ ਕੇ ਉਸ ਵਿਚਲੇ ਭਾਵ ਜਾਂ ਸਿੱਖਿਆ ਨੂੰ ਗ੍ਰਹਿਣ ਕਰ ਸਕੇ।

(ਸ) ਵਿਸਰਾਮ-ਚਿੰਨ੍ਹਾਂ ਨੂੰ ਸਮਝਦੇ ਹੋਏ ਲਿਖਤ ਵਿੱਚ ਪ੍ਰਗਟਾਏ ਹੈਰਾਨੀ ਤੇ ਖ਼ੁਸ਼ੀ ਦੇ ਭਾਵਾਂ ਨੂੰ ਸਮਝ ਸਕੇ ।

3. ਪ੍ਰਗਟਾਅ

(i) ਮੌਖਿਕ ਪ੍ਰਗਟਾਅ

(ੳ) ਪੜ੍ਹੇ ਪਾਠਾਂ ਬਾਰੇ ਨਿੱਕੇ ਤੇ ਸਰਲ ਪ੍ਰਸ਼ਨਾਂ ਦਾ ਉੱਤਰ ਦੇ ਸਕੇ ।

(ਅ) ਪੜ੍ਹੀ ਜਾਂ ਸੁਣੀ ਹੋਈ ਕਹਾਣੀ ਨੂੰ ਆਪਣੇ ਸ਼ਬਦਾਂ ਵਿੱਚ ਸੁਣਾ ਸਕੇ ।

(ੲ) ਆਪਣੇ ਸਾਥੀ ਵਿਦਿਆਰਥੀਆਂ ਨਾਲ਼ ਬਿਨਾਂ ਝਿਜਕ ਗੱਲ-ਬਾਤ ਕਰ ਸਕੇ ।

(ਸ) ਆਪਣੀ ਪਾਠ-ਪੁਸਤਕ ਵਿੱਚੋਂ ਜਾਂ ਕਿਸੇ ਹੋਰ ਪੜ੍ਹਨ-ਸਮਗਰੀ ਵਿੱਚੋਂ ਕੋਈ ਕਵਿਤਾ ਜਾਂ ਗੀਤ ਸੁਣਾ ਸਕੇ ।

(ਹ) ਆਪਣੀ ਸ਼੍ਰੇਣੀ ਜਾਂ ਸਕੂਲ-ਸਭਾ ਵਿੱਚ ਕੋਈ ਦਿਲਚਸਪ ਗੱਲ ਜਾਂ ਘਟਨਾ ਸੁਣਾ ਸਕੇ ।

(ii) ਲਿਖਤੀ ਪ੍ਰਗਟਾਅ

(ੳ) ਗੁਰਮੁਖੀ ਅੱਖਰਾਂ ਨੂੰ ਸੋਹਣਾ-ਸੋਹਣਾ ਕਰਕੇ ਲਿਖ ਸਕੇ ।

(ਅ) ਅੱਖਰਾਂ ਦੀ ਬਣਾਵਟ ਨੂੰ ਆਕਰਸ਼ਕ ਬਣਾ ਕੇ ਲਿਖ ਸਕੇ ।

(ੲ) ਪਾਠ-ਪੁਸਤਕਾਂ ਵਿੱਚੋਂ ਕਿਸੇ ਮਨ-ਪਸੰਦ ਪਾਠ ਜਾਂ ਕਵਿਤਾ ਦੀਆਂ ਤੁਕਾਂ ਨੂੰ ਸੋਹਣਾ-ਸੋਹਣਾ ਲਿਖ ਸਕੇ ।

(ਸ) ਪਾਠ-ਅਭਿਆਸਾਂ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖ ਸਕੇ ।

(ਹ) ਆਪਣੇ ਘਰ ਜਾਂ ਜਮਾਤ ਦੀ ਦੀਵਾਰ ਉੱਤੇ ਲਾਉਣ ਲਈ ਸੋਹਣੇ ਮਾੱਟੋ ਲਿਖ ਸਕੇ ।

(ਕ) ਆਪਣੀ ਲੋੜ ਜਾਂ ਦਿਲਚਸਪੀ ਦੀ ਕੋਈ ਗੱਲ ਨੋਟ ਕਰ ਸਕੇ ।

4. ਲਿਖਤ ਰਚਨਾ

(ੳ) ਹੇਠ ਲਿਖੇ ਵਿਸ਼ਿਆਂ ਬਾਰੇ 10 ਵਾਕ ਲਿਖ ਸਕੇ :-
ਮੇਰੀ ਕਿਤਾਬ/ ਮੇਰਾ ਬਸਤਾ, ਮੇਰੀ ਪੈਨਸਿਲ/ਮੇਰਾ ਪੈੱਨ, ਸਾਡਾ ਘਰ/ ਸਾਡਾ ਸਕੂਲ, ਵਰਖਾ-ਰੁੱਤ, ਦਿਵਾਲੀ, ਦੁਸਹਿਰਾ ਅਤੇ ਕਿਸੇ ਖੇਡ ਆਦਿ ਬਾਰੇ ।

(ਅ) ਛੁੱਟੀ ਲੈਣ ਲਈ, ਜੁਰਮਾਨਾ ਮਾਫ ਕਰਵਾਉਣ ਲਈ ਬਿਨੈ-ਪੱਤਰ, ਆਪਣੇ ਮਿੱਤਰ ਸਹੇਲੀ ਜਾਂ ਸਕੇ-ਸੰਬੰਧੀ ਨੂੰ ਚਿੱਠੀ ਲਿਖ ਸਕੇ । ਕੁੱਲ ਪੱਤਰ / ਚਿੱਠੀਆਂ-ਪੰਜ ।

(ੲ) ਕਿਤੋਂ ਪੜ੍ਹੀ ਜਾਂ ਸੁਣੀ ਕਹਾਣੀ ਨੂੰ ਆਪਣੇ ਸ਼ਬਦਾ ਵਿੱਚ ਲਿਖ ਸਕੇ ।

(ਸ) ਅਧਿਆਪਕ ਜਾਂ ਮਾਪਿਆਂ ਦੁਆਰਾ ਬੋਲੇ ਸ਼ਬਦਾਂ ਅਤੇ ਸਰਲ ਵਾਕਾਂ ਨੂੰ ਸ਼ਬਦ ਜੋੜਾ ਪੱਖੋਂ ਸ਼ੁੱਧ ਲਿਖ ਸਕੇ।

ਨਿਯਤ ਪਾਠ-ਪੁਸਤਕ

1. ਪੰਜਾਬੀ ਪਾਠ-ਪੁਸਤਕ -4 (ਦੂਜੀ ਭਾਸ਼ਾ) (ਪੰਜਾਬ ਸਕੂਲ ਸਿੱਖਿਆ ਬੋਰਡ ਦਾ ਪ੍ਰਕਾਸ਼ਨ)